# 2. ਸਕੂਲ ਵਿੱਚ ਸਫ਼ਾਈ

ਘਰ ਵਾਂਗ ਸਕੂਲ ਵਿੱਚ ਵੀ ਸਫ਼ਾਈ ਬੜੀ ਜ਼ਰੂਰੀ ਹੈ। ਸਕੂਲ ਵਿੱਚ ਕੂੜਾ-ਕਰਕਟ ਵਧੇਰੇ ਕਰਕੇ ਪਾਟੇ ਹੋਏ ਕਾਗ਼ਜ਼ਾਂ ਆਦਿ ਦਾ ਹੀ ਹੁੰਦਾ ਹੈ, ਇਸ ਲਈ ਜੇ ਹਰ ਵਿਦਿਆਰਥੀ ਅਜਿਹਾ ਕੂੜਾ-ਕਰਕਟ ਖਿਲਾਰਨ ਤੋਂ ਸੰਕੋਚ ਕਰੇ ਤਾਂ ਗੰਦਗੀ ਬਹੁਤ ਘੱਟ ਫੈਲੇਗੀ। ਕੁਝ ਮਿੱਟੀ-ਘੱਟਾ ਤੇਜ਼ ਹਵਾ ਚੱਲਣ ਨਾਲ਼ ਹੁੰਦਾ ਹੈ ਜਿਸ ਲਈ ਹਰ ਰੋਜ਼ ਸਫ਼ਾਈ ਦੀ ਲੋੜ ਹੈ। ਆਮ ਸਕੂਲਾਂ ਵਿੱਚ ਇੱਕ ਸਫ਼ਾਈ-ਸੇਵਕ ਹੁੰਦਾ ਹੈ। ਚੰਗੇ ਸਕੂਲਾਂ ਵਿੱਚ ਸਫ਼ਾਈ ਦਾ ਬਹੁਤਾ ਕੰਮ ਵਿਦਿਆਰਥੀਆਂ ਕੋਲ਼ੋਂ ਹੀ ਕਰਵਾਇਆ ਜਾਂਦਾ ਹੈ। ਇਸ ਤਰ੍ਹਾਂ ਉਹਨਾਂ ਨੂੰ ਆਪਣੀ ਸਫ਼ਾਈ ਆਪ ਕਰਨ ਦੀ ਜਾਚ ਆਉਂਦੀ ਹੈ। ਕਈਆਂ ਸਕੂਲਾਂ ਵਿੱਚ ਵੱਖ-ਵੱਖ ਸ਼੍ਰੇਣੀਆਂ ਦੇ ਸਫ਼ਾਈ-ਮੁਕਾਬਲੇ ਹੁੰਦੇ ਹਨ, ਇਸ ਲਈ ਹਰ ਸ਼੍ਰੇਣੀ ਦੇ ਵਿਦਿਆਰਥੀ ਆਪਣੇ ਆਲ਼ੇ-ਦੁਆਲ਼ੇ ਨੂੰ ਇੱਕ ਪਾਸੇ ਘੱਟ ਗੰਦਾ ਕਰਨ ਅਤੇ ਦੂਜੇ ਪਾਸੇ ਸਾਫ਼ ਰੱਖਣ ਦੀ ਪੂਰੀ ਕੋਸ਼ਿਸ਼ ਕਰਦੇ ਹਨ।